ਰਾਮਕਲੀ ਮਹਲਾ ੫ ॥ ਤ੍ਰੈ ਗੁਣ ਰਹਤ ਰਹੈ ਨਿਰਾਰੀ ਸਾਧਿਕ ਸਿਧ ਨ ਜਾਨੈ ॥ ਰਤਨ ਕੋਠੜੀ ਅੰਮ੍ਰਿਤ ਸੰਪੂਰਨ ਸਤਿਗੁਰ ਕੈ ਖਜਾਨੈ ॥ ੧॥ ਅਚਰਜੁ ਕਿਛੁ ਕਹਣੁ ਨ ਜਾਈ ॥ ਬਸਤੁ ਅਗੋਚਰ ਭਾਈ ॥੧॥ ਰਹਾਉ ॥ ਮੋਲੁ ਨਾਹੀ ਕਛੁ ਕਰਣੈ ਜੋਗਾ ਕਿਆ ਕੋ ਕਹੈ ਸੁਣਾਵੈ ॥ ਕਥਨ ਕਹਣ ਕਉ ਸੋਝੀ ਨਾਹੀ ਜੋ ਪੇਖੈ ਤਿਸੁ ਬਣਿ ਆਵੈ ॥ ੨॥ ਸੋਈ ਜਾਣੈ ਕਰਣੈਹਾਰਾ ਕੀਤਾ ਕਿਆ ਬੇਚਾਰਾ ॥ ਆਪਣੀ ਗਤਿ ਮਿਤਿ ਆਪੇ ਜਾਣੈ ਹਰਿ ਆਪੇ ਪੂਰ ਭੰਡਾਰਾ ॥ ੩॥ ਐਸਾ ਰਸੁ ਅੰਮ੍ਰਿਤੁ ਮਨਿ ਚਾਖਿਆ ਤ੍ਰਿਪਤਿ ਰਹੇ ਆਘਾਈ ॥ ਕਹੁ ਨਾਨਕ ਮੇਰੀ ਆਸਾ ਪੂਰੀ ਸਤਿਗੁਰ ਕੀ ਸਰਣਾਈ ॥੪॥੪॥ {ਪੰਨਾ 883}

ਪਦਅਰਥ:- ਰਹਤ—ਨਿਰਲੇਪ। ਤ੍ਰੈ ਗੁਣ ਰਹਤ—ਮਾਇਆ ਦੇ ਤਿੰਨ ਗੁਣਾਂ ਤੋਂ ਬਚੀ ਹੋਈ। ਨਿਰਾਰੀ—ਨਿਰਾਲੀ, ਵੱਖਰੀ। ਸਾਧਿਕ—ਜੋਗ-ਸਾਧਨ ਕਰਨ ਵਾਲੇ। ਸਿਧ—ਜੋਗ-ਸਾਧਨਾਂ ਵਿਚ ਪੁੱਗੇ ਹੋਏ ਜੋਗੀ। ਨ ਜਾਨੈ—ਨਹੀਂ ਜਾਣਦੀ, ਸਾਂਝ ਨਹੀਂ ਪਾਂਦੀ। ਰਤਨ—ਪ੍ਰਭੂ ਦੇ ਗੁਣਾਂ ਦੇ ਰਤਨ। ਅੰਮ੍ਰਿਤ—ਆਤਮਕ ਜੀਵਨ ਦੇਣ ਵਾਲਾ ਨਾਮ। ਸੰਪੂਰਨ—ਨਕਾ-ਨਕ ਭਰੀ ਹੋਈ। ਕੈ ਖਜਾਨੈ—ਦੇ ਖ਼ਜ਼ਾਨੇ ਵਿਚ।1।

ਅਚਰਜੁ—ਅਨੋਖਾ ਤਮਾਸ਼ਾ। ਬਸਤੁ—{vÔqu} ਕੀਮਤੀ ਚੀਜ਼ {ਇਸਤ੍ਰੀ-ਲਿੰਗ}। ਅਗੋਚਰ—{ਅ-ਗੋ-ਚਰ} ਗਿਆਨ ਇੰਦ੍ਰਿਆਂ ਦੀ ਪਹੁੰਚ ਤੋਂ ਪਰੇ। ਭਾਈ—ਹੇ ਭਾਈ!।1। ਰਹਾਉ।

ਜੋਗਾ—ਸਮਰਥ। ਕੋ—ਕੋਈ ਮਨੁੱਖ। ਕਉ—ਵਾਸਤੇ। ਸੋਝੀ—ਸਮਝ, ਅਕਲ। ਜੋ—ਜੇਹੜਾ ਮਨੁੱਖ। ਪੇਖੈ—ਵੇਖਦਾ ਹੈ। ਤਿਸੁ—ਉਸ (ਮਨੁੱਖ) ਦੀ (ਪ੍ਰੀਤ)। ਬਣਿ ਆਵੈ—ਬਣ ਜਾਂਦੀ ਹੈ।2।

ਸੋਈ—ਉਹ (ਕਰਣਹਾਰ) ਹੀ। ਕੀਤਾ—(ਪ੍ਰਭੂ ਦਾ) ਪੈਦਾ ਕੀਤਾ ਹੋਇਆ ਜੀਵ। ਕਿਆ ਬੇਚਾਰਾ—ਕੀਹ ਪਾਂਇਆਂ ਰੱਖਦਾ ਹੈ? ਕੋਈ ਪਾਂਇਆਂ ਨਹੀਂ। ਗਤਿ—ਹਾਲਤ। ਮਿਤਿ—ਮਾਪ, ਅੰਦਾਜ਼ਾ। ਆਪੇ—ਆਪ ਹੀ। ਪੂਰ ਭੰਡਾਰਾ—ਭਰੇ ਹੋਏ ਖ਼ਜ਼ਾਨਿਆਂ ਵਾਲਾ।3।

ਅੰਮ੍ਰਿਤੁ ਰਸੁ—ਆਤਮਕ ਜੀਵਨ ਦੇਣ ਵਾਲਾ ਨਾਮ-ਰਸ। ਮਨਿ—ਮਨ ਵਿਚ। ਤ੍ਰਿਪਤਿ ਰਹੇ ਆਘਾਈ—ਪੂਰਨ ਤੌਰ ਤੇ ਰੱਜ ਗਏ। ਨਾਨਕ—ਹੇ ਨਾਨਕ!।4।

ਅਰਥ:- ਹੇ ਭਾਈ! ਇਕ ਅਨੋਖਾ ਤਮਾਸ਼ਾ ਬਣਿਆ ਪਿਆ ਹੈ, ਜਿਸ ਦੀ ਬਾਬਤ ਕੁਝ ਦੱਸਿਆ ਨਹੀਂ ਜਾ ਸਕਦਾ। (ਅਨੋਖਾ ਤਮਾਸ਼ਾ ਇਹ ਹੈ ਕਿ ਗੁਰੂ ਦੇ ਖ਼ਜ਼ਾਨੇ ਵਿਚ ਹੀ ਪ੍ਰਭੂ ਦਾ ਨਾਮ ਇਕ) ਕੀਮਤੀ ਚੀਜ਼ ਹੈ ਜਿਸ ਤਕ (ਮਨੁੱਖ ਦੇ) ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ।1। ਰਹਾਉ।

ਹੇ ਭਾਈ! ਉਹ ਕੀਮਤੀ ਪਦਾਰਥ ਮਾਇਆ ਦੇ ਤਿੰਨ ਗੁਣਾਂ ਦੇ ਪ੍ਰਭਾਵ ਤੋਂ ਪਰੇ ਵੱਖਰਾ ਹੀ ਰਹਿੰਦਾ ਹੈ, ਉਹ ਪਦਾਰਥ ਜੋਗ-ਸਾਧਨ ਕਰਨ ਵਾਲਿਆਂ ਅਤੇ ਸਾਧਨਾਂ ਵਿਚ ਪੁੱਗੇ ਹੋਏ ਜੋਗੀਆਂ ਨਾਲ ਭੀ ਸਾਂਝ ਨਹੀਂ ਪਾਂਦਾ (ਭਾਵ, ਜੋਗ-ਸਾਧਨਾਂ ਦੀ ਰਾਹੀਂ ਉਹ ਨਾਮ-ਵਸਤੂ ਨਹੀਂ ਮਿਲਦੀ)। ਹੇ ਭਾਈ! ਉਹ ਕੀਮਤੀ ਪਦਾਰਥ ਗੁਰੂ ਦੇ ਖ਼ਜ਼ਾਨੇ ਵਿਚ ਹੈ। ਉਹ ਪਦਾਰਥ ਹੈ—ਪ੍ਰਭੂ ਦੇ ਆਤਮਕ ਜੀਵਨ ਦੇਣ ਵਾਲੇ ਗੁਣ-ਰਤਨਾਂ ਨਾਲ ਨਕਾ-ਨਕ ਭਰੀ ਹੋਈ ਹਿਰਦਾ-ਕੋਠੜੀ।1।

ਹੇ ਭਾਈ! ਉਸ ਨਾਮ-ਵਸਤੂ ਦਾ ਮੁੱਲ ਕੋਈ ਭੀ ਜੀਵ ਨਹੀਂ ਪਾ ਸਕਦਾ। ਕੋਈ ਭੀ ਜੀਵ ਉਸ ਦਾ ਮੁੱਲ ਕਹਿ ਨਹੀਂ ਸਕਦਾ, ਦੱਸ ਨਹੀਂ ਸਕਦਾ। (ਉਸ ਕੀਮਤੀ ਪਦਾਰਥ ਦੀਆਂ ਸਿਫ਼ਤਾਂ) ਦੱਸਣ ਵਾਸਤੇ ਕਿਸੇ ਦੀ ਭੀ ਅਕਲ ਕੰਮ ਨਹੀਂ ਕਰ ਸਕਦੀ। ਹਾਂ, ਜੇਹੜਾ ਮਨੁੱਖ ਉਸ ਵਸਤ ਨੂੰ ਵੇਖ ਲੈਂਦਾ ਹੈ, ਉਸ ਦਾ ਉਸ ਨਾਲ ਪਿਆਰ ਬਣ ਜਾਂਦਾ ਹੈ।2।

ਹੇ ਭਾਈ! ਜਿਸ ਸਿਰਜਣਹਾਰ ਨੇ ਉਹ ਪਦਾਰਥ ਬਣਾਇਆ ਹੈ, ਉਸ ਦਾ ਮੁੱਲ ਉਹ ਆਪ ਹੀ ਜਾਣਦਾ ਹੈ। ਉਸ ਦੇ ਪੈਦਾ ਕੀਤੇ ਹੋਏ ਜੀਵ ਵਿਚ ਅਜੇਹੀ ਸਮਰਥਾ ਨਹੀਂ ਹੈ। ਪ੍ਰਭੂ ਆਪ ਹੀ ਉਸ ਕੀਮਤੀ ਪਦਾਰਥ ਨਾਲ ਭਰੇ ਹੋਏ ਖ਼ਜ਼ਾਨਿਆਂ ਦਾ ਮਾਲਕ ਹੈ। ਤੇ, ਉਹ ਆਪ ਕਿਹੋ ਜਿਹਾ ਹੈ, ਕੇਡਾ ਵੱਡਾ ਹੈ—ਇਹ ਗੱਲ ਉਹ ਆਪ ਹੀ ਜਾਣਦਾ ਹੈ।3।

ਹੇ ਨਾਨਕ! ਆਖ—ਗੁਰੂ ਦੀ ਸਰਨ ਪੈ ਕੇ ਮੇਰੀ ਲਾਲਸਾ ਪੂਰੀ ਹੋ ਗਈ ਹੈ (ਮੈਨੂੰ ਉਹ ਕੀਮਤੀ ਪਦਾਰਥ ਮਿਲ ਗਿਆ ਹੈ)। ਆਤਮਕ ਜੀਵਨ ਦੇਣ ਵਾਲੇ ਉਸ ਅਸਚਰਜ ਨਾਮ-ਰਸ ਨੂੰ (ਗੁਰੂ ਦੀ ਕਿਰਪਾ ਨਾਲ) ਮੈਂ ਆਪਣੇ ਮਨ ਵਿਚ ਚੱਖਿਆ ਹੈ, ਹੁਣ ਮੈਂ (ਮਾਇਆ ਦੀ ਤ੍ਰਿਸ਼ਨਾ ਵਲੋਂ) ਪੂਰੇ ਤੌਰ ਤੇ ਰੱਜ ਗਿਆ ਹਾਂ।4। 4।